# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 08:30

**ਮਿਤੀ : 10-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਸ਼ੋਰ ਅਵਸਥਾਂ 'ਚ ਕੁੜੀਆਂ ਦੀ ਸਿਹਤ, ਪੋਸ਼ਣ ਅਤੇ ਸਰਬਪੱਖੀ ਵਿਕਾਸ 'ਤੇ ਵਧੇਰੇ ਧਿਆਨ ਦੇਣ ਦਾ ਸੱਦਾ ਦਿੱਤਾ ਏ।

- ਦਿੱਲੀ ਪੁਲਿਸ ਨੇ ਅੱਜ ਰਾਸ਼ਟਰੀ ਰਾਜਧਾਨੀ ਦੇ ਜੰਤਰ-ਮੰਤਰ ਵਿਖੇ ਤਜਵੀਜ਼ਸ਼ੁਦਾ ਵਿਰੋਧ ਪ੍ਰਦਰਸ਼ਨ ਲਈ ਇਜਾਜ਼ਤ ਦੇਣ ਤੋਂ ਇਨਕਾਰ ਕੀਤਾ। ਵਿਰੋਧ ਪ੍ਰਦਰਸ਼ਨ ਦੇ ਮੱਦੇਨਜ਼ਰ, ਸੁਰੱਖਿਆ ਪ੍ਰਬੰਧ ਸਖ਼ਤ ਕਰ ਦਿੱਤੇ ਗਏ ਨੇ।

- ਉੱਤਰ ਪ੍ਰਦੇਸ਼ ਵਿੱਚ ਰਾਜ ਸਭਾ ਚੋਣਾਂ ਲਈ ਸਾਰੇ 10 ਉਮੀਦਵਾਰ ਬਿਨਾਂ ਮੁਕਾਬਲਾ ਚੁਣੇ ਗਏ ਨੇ। ਇਨ੍ਹਾਂ ਵਿੱਚ ਭਾਰਤੀ ਜਨਤਾ ਪਾਰਟੀ ਦੇ 8 ਅਤੇ ਸਮਾਜਵਾਦੀ ਪਾਰਟੀ ਦੇ 2 ਉਮੀਦਵਾਰ ਸ਼ਾਮਲ ਨੇ।

- ਭਾਰਤ ਦੇ ਪ੍ਰਤੁਲ ਸੋਨੋਵਾਲ ਨੇ ਆਸਟ੍ਰੇਲੀਆ ਵਿੱਚ, ਵਿਸ਼ਵ Bowl ਚੈਂਪੀਅਨਸ਼ਿਪ ਦੇ ਸੈਮੀਫਾਈਨਲ ਵਿੱਚ ਪਹੁੰਚ ਕੇ , ਦੇਸ਼ ਲਈ ਪਹਿਲਾ ਤਮਗਾ ਪੱਕਾ ਕਰ ਲਿਆ ਏ।

- ਵੈਸਟਇੰਡੀਜ਼ ਨੇ ਦੂਜੇ 20-20 ਕ੍ਰਿਕੇਟ ਮੈਚ ਵਿੱਚ, ਭਾਰਤ ਨੂੰ 6 ਵਿਕਟਾਂ ਨਾਲ ਹਰਾ ਕੇ, ਪੰਜ ਮੈਚਾਂ ਦੀ ਲੜੀ, 1-1 ਨਾਲ ਬਰਾਬਰ ਕਰ ਲਈ ਏ।

***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਸ਼ੋਰ ਅਵਸਥਾਂ 'ਚ ਕੁੜੀਆਂ ਦੀ ਸਿਹਤ, ਪੋਸ਼ਣ ਅਤੇ ਸਰਬਪੱਖੀ ਵਿਕਾਸ 'ਤੇ ਵਧੇਰੇ ਧਿਆਨ ਦੇਣ ਦਾ ਸੱਦਾ ਦਿੱਤਾ ਏ। ਪ੍ਰਧਾਨ ਮੰਤਰੀ ਨੇ ਕੱਲ੍ਹ ਨਵੀਂ ਦਿੱਲੀ 'ਚ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੀ ਦੋ-ਰੋਜ਼ਾ ਰਾਸ਼ਟਰੀ ਕਾਨਫਰੰਸ ਦੇ ਸਮਾਪਤੀ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਇਹ ਗੱਲ ਕਹੀ। ਜਨਤਕ ਭਾਗੀਦਾਰੀ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ, ਸ੍ਰੀ ਮੋਦੀ ਨੇ ਕਿਹਾ ਕਿ ਆਂਗਣਵਾੜੀ ਕੇਂਦਰਾਂ ਨੂੰ ਭਾਈਚਾਰਕ ਸ਼ਮੂਲੀਅਤ ਦੇ ਕੇਂਦਰਾਂ ਵਜੋਂ ਵਿਕਸਤ ਕੀਤਾ ਜਾਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਆਂਗਣਵਾੜੀ ਕੇਂਦਰਾਂ ਦੇ ਆਸ-ਪਾਸ ਰਹਿਣ ਵਾਲੇ ਪਰਿਵਾਰਾਂ ਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਏ ਕਿ ਉਹ ਵਿਸ਼ੇਸ਼

ਮੌਕਿਆਂ 'ਤੇ ਬੱਚਿਆਂ ਲਈ ਪੌਸ਼ਟਿਕ ਭੋਜਨ, ਖਿਡੌਣੇ ਅਤੇ ਸਥਾਨਕ ਲੋੜਾਂ ਅਨੁਸਾਰ ਹੋਰ ਉਪਯੋਗੀ ਵਸਤਾਂ ਮੁਹੱਈਆ ਕਰਵਾਉਣ।

ਔਰਤਾਂ ਦੀ ਸੁਰੱਖਿਆ ਬਾਰੇ ਬੋਲਦਿਆਂ, ਪ੍ਰਧਾਨ ਮੰਤਰੀ ਨੇ ਬੱਚਿਆਂ ਲਈ ਸੁਰੱਖਿਆ, ਮਾਨ-ਸਨਮਾਨ ਅਤੇ ਸ਼ਕਤੀਕਰਨ 'ਤੇ ਕੇਂਦਰਿਤ, ਉਮਰ-ਅਨੁਕੂਲ ਵਿਦਿਅਕ ਪਾਠਕ੍ਰਮ ਤਿਆਰ ਕਰਨ ਦਾ ਸੁਝਾਅ ਦਿੱਤਾ। ਉਨ੍ਹਾਂ ਨੇ ਵੱਖ-ਵੱਖ ਵਿਭਾਗਾਂ ਦਰਮਿਆਨ ਤਾਲਮੇਲ ਵਾਲੇ ਯਤਨਾਂ ਰਾਹੀਂ ਬਚਾਅ-ਸਬੰਧੀ ਉਪਾਵਾਂ ਦੀ ਅਹਿਮੀਅਤ 'ਤੇ ਵੀ ਜ਼ੋਰ ਦਿੱਤਾ।

ਪ੍ਰਧਾਨ ਮੰਤਰੀ ਨੇ ਰਾਜਾਂ ਦੇ ਮਹਿਲਾ ਅਤੇ ਬਾਲ ਵਿਕਾਸ ਵਿਭਾਗਾਂ ਨੂੰ ਸਫਾਈ ਮੁਹਿੰਮ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਚੰਗੀ ਸਿਹਤ ਅਤੇ ਪੋਸ਼ਣ ਦੀ ਸ਼ੁਰੂਆਤ ਸਫਾਈ ਤੋਂ ਹੁੰਦੀ ਏ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਔਰਤਾਂ ਨੂੰ ਸਮਰੱਥ ਬਣਾਉਣ ਲਈ 'ਵੋਕਲ ਫਾਰ ਲੋਕਲ' ਅਤੇ 'ਇੱਕ ਜ਼ਿਲ੍ਹਾ, ਇੱਕ ਉਤਪਾਦ' ਵਰਗੀਆਂ ਰਾਸ਼ਟਰੀ ਯੋਜਨਾਵਾਂ ਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਏ।

ਇਸ ਕਾਨਫਰੰਸ ਵਿੱਚ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੰਤਰੀਆਂ ਅਤੇ ਸੀਨੀਅਰ ਅਧਿਕਾਰੀਆਂ ਨੇ ਹਿੱਸਾ ਲਿਆ।

---------------------------------------------------------------

ਦਿੱਲੀ ਦੇ ਜੰਤਰ-ਮੰਤਰ ਵਿਖੇ ਅੱਜ 'Cockroach Janta Party' (CJP) ਦੇ ਵਿਰੋਧ ਪ੍ਰਦਰਸ਼ਨ ਦੇ ਮੱਦੇਨਜ਼ਰ, ਰਾਸ਼ਟਰੀ ਰਾਜਧਾਨੀ ਵਿੱਚ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਨੇ। ਦਿੱਲੀ ਮੈਟਰੋ ਰੇਲ ਕਾਰਪੋਰੇਸ਼ਨ ਨੇ

ਐਲਾਨ ਕੀਤਾ ਹੈ ਕਿ ਸੁਰੱਖਿਆ ਕਾਰਨਾਂ ਕਰਕੇ ਅੱਜ 45 ਮੈਟਰੋ ਸਟੇਸ਼ਨਾਂ 'ਤੇ ਦਾਖਲੇ ਅਤੇ ਬਾਹਰ ਨਿਕਲਣ ਦੀ ਸਹੂਲਤ ਬੰਦ ਰਹੇਗੀ। ਸੁਰੱਖਿਆ ਏਜੰਸੀਆਂ ਹਾਲਤ ਦਾ ਜਾਇਜ਼ਾ ਲੈਣਗੀਆਂ ਅਤੇ ਉਸ ਅਨੁਸਾਰ ਅਗਲੀ ਜਾਣਕਾਰੀ ਦਿੱਤੀ ਜਾਵੇਗੀ।

ਦਿੱਲੀ ਵਿੱਚ ਸਰਾਏ ਕਾਲੇ ਖਾਨ ਅਤੇ New ਅਸ਼ੋਕ ਨਗਰ ਵਿਚਕਾਰ 'ਨਮੋ ਭਾਰਤ' ਰੇਲ ਸੇਵਾਵਾਂ ਅੱਜ ਰਾਤ 10 ਵਜੇ ਤੱਕ ਮੁਲਤਵੀ ਰਹਿਣਗੀਆਂ।

ਰੇਲਵੇ ਸਟੇਸ਼ਨਾਂ 'ਤੇ ਵੀ ਸੁਰੱਖਿਆ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਨੇ। ਰੇਲਵੇ ਦੇ DCP ਬੀ. ਭਰਤ ਰੈੱਡੀ ਨੇ ਦੱਸਿਆ ਕਿ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ, ਦਿੱਲੀ ਦੇ 7 ਪ੍ਰਮੁੱਖ ਰੇਲਵੇ ਸਟੇਸ਼ਨਾਂ 'ਤੇ ਰੇਲਵੇ ਪੁਲਿਸ ਦੇ 334 ਜਵਾਨ ਤਾਇਨਾਤ ਕੀਤੇ ਗਏ ਨੇ।

**BYTE: BHARAT REDDY**

ਇਸ ਤੋਂ ਇਲਾਵਾ, ਦਿੱਲੀ ਟ੍ਰੈਫਿਕ ਪੁਲਿਸ ਨੇ ਅੱਜ ਰਾਜਧਾਨੀ ਦੇ ਵੱਖ-ਵੱਖ ਹਿੱਸਿਆਂ ਵਿੱਚ ਲੋੜ ਅਨੁਸਾਰ ਟ੍ਰੈਫਿਕ ਰੂਟਾਂ ਵਿੱਚ ਬਦਲਾਅ ਦੀ ਸੰਭਾਵਨਾ ਬਾਰੇ ਇੱਕ ਸਲਾਹ ਜਾਰੀ ਕੀਤੀ ਏ।

ਇਸ ਤੋਂ ਪਹਿਲਾਂ ਕੱਲ੍ਹ ਦਿੱਲੀ ਪੁਲਿਸ ਨੇ, CJP ਵੱਲੋਂ ਤਜਵੀਜ਼ਸ਼ੁਦਾ ਵਿਰੋਧ ਪ੍ਰਦਰਸ਼ਨ ਲਈ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ। ਪੁਲਿਸ ਨੇ ਇਸ ਦੇ ਕਾਰਨ ਵਜੋਂ ਦਿਸ਼ਾ-ਨਿਰਦੇਸ਼ਾਂ ਦੀ ਉਲੰਘਣਾ ਅਤੇ ਜਨਤਕ ਸੁਰੱਖਿਆ ਸਬੰਧੀ ਚਿੰਤਾਵਾਂ ਦਾ ਹਵਾਲਾ ਦਿੱਤਾ ਏ।

ਕੱਲ੍ਹ ਨਵੀਂ ਦਿੱਲੀ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ, ਦਿੱਲੀ ਪੁਲਿਸ ਦੀ ਸੰਯੁਕਤ ਕਮਿਸ਼ਨਰ, ਨੂਪੁਰ ਪ੍ਰਸਾਦ ਨੇ ਕਿਹਾ ਕਿ ਜੰਤਰ-

ਮੰਤਰ ਵਿਖੇ ਰੋਸ ਪ੍ਰਦਰਸ਼ਨ ਜਾਂ ਹੋਰ ਸਮਾਗਮ ਕਰਨ ਦੀ ਇਜਾਜ਼ਤ ਲਈ, ਘੱਟੋ-ਘੱਟ 10 ਦਿਨ ਪਹਿਲਾਂ ਅਰਜ਼ੀ ਦੇਣੀ ਲਾਜ਼ਮੀ ਏ।

**BYTE: NUPUR PRASAD**

---------------------------------------------------------------

ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਦੇ ਇੱਕ ਵਫ਼ਦ ਨੇ ਚੋਣ ਕਮਿਸ਼ਨ ਦੇ ਕੰਮਕਾਜ ਬਾਰੇ ਲੱਗੇ ਇਲਜ਼ਾਮਾਂ ਦੇ ਸਬੰਧ ਵਿੱਚ ਕੱਲ੍ਹ ਸ਼ਾਮ ਰਾਸ਼ਟਰਪਤੀ ਭਵਨ ਵਿਖੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ। ਮੀਟਿੰਗ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ ਕਿ ਉਨ੍ਹਾਂ ਨੇ ਰਾਸ਼ਟਰਪਤੀ ਨੂੰ ਵੋਟਰ ਸੂਚੀਆਂ ਦੀ 'ਵਿਸ਼ੇਸ਼ ਗਹਿਨ ਸੋਧ' (SIR) ਪ੍ਰਕਿਰਿਆ ਵਿੱਚ ਕਥਿਤ ਬੇਨਿਯਮੀਆਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਦੇ ਆਗੂਆਂ ਨੇ ਮੰਗ ਕੀਤੀ ਏ ਕਿ EVMs ਦੀ ਵਰਤੋਂ ਬੰਦ ਕੀਤੀ ਜਾਵੇ ਅਤੇ ਚੋਣਾਂ ਬੈਲਟ ਪੇਪਰਾਂ ਰਾਹੀਂ ਕਰਵਾਈਆਂ ਜਾਣ। ਉਨ੍ਹਾਂ ਅੱਗੇ ਦੱਸਿਆ ਕਿ ਰਾਸ਼ਟਰਪਤੀ ਨੇ ਇਸ ਮਾਮਲੇ ਸਬੰਧੀ ਸਬੂਤ ਮੰਗੇ ਨੇ ਅਤੇ ਉਹ ਉਨ੍ਹਾਂ ਨੂੰ ਇਹ ਸਬੂਤ ਸੌਂਪਣਗੇ।

---------------------------------------------------------------

ਉੱਤਰ ਪ੍ਰਦੇਸ਼ ਵਿੱਚ ਰਾਜ ਸਭਾ ਚੋਣਾਂ ਲਈ ਸਾਰੇ 10 ਉਮੀਦਵਾਰ ਬਿਨਾਂ ਮੁਕਾਬਲਾ ਚੁਣੇ ਗਏ ਨੇ। ਇਨ੍ਹਾਂ ਵਿੱਚ ਭਾਰਤੀ ਜਨਤਾ ਪਾਰਟੀ ਦੇ ਅੱਠ

ਅਤੇ ਸਮਾਜਵਾਦੀ ਪਾਰਟੀ ਦੇ ਦੋ ਉਮੀਦਵਾਰ ਸ਼ਾਮਲ ਨੇ। ਉੱਤਰ ਪ੍ਰਦੇਸ਼ ਵਿਧਾਨ ਸਭਾ ਦੇ ਵਿਸ਼ੇਸ਼ ਸਕੱਤਰ ਅਤੇ ਰਿਟਰਨਿੰਗ ਅਫ਼ਸਰ ਅਜੀਤ ਵਰਮਾ ਨੇ ਇਸ ਦੀ ਪੁਸ਼ਟੀ ਕੀਤੀ।

ਭਾਰਤੀ ਜਨਤਾ ਪਾਰਟੀ ਦੇ ਚੁਣੇ ਗਏ ਉਮੀਦਵਾਰਾਂ ਵਿੱਚ ਧਰਮਪਾਲ ਸਿੰਘ, ਪ੍ਰਕਾਸ਼ ਪਾਲ, ਸ਼ਰੂਤੀ ਗੰਗਵਾਰ, ਵਿਦਿਆ ਸਾਗਰ ਸੋਨਕਰ, ਪ੍ਰਿਅੰਕਾ ਰਾਵਤ, ਰਾਧਾਕਾਂਤ ਓਝਾ, ਗੋਪੀ ਕ੍ਰਿਸ਼ਨ ਪਾਂਡੇ ਅਤੇ ਰਾਮ ਪ੍ਰਤਾਪ ਸਿੰਘ ਚੌਹਾਨ ਸ਼ਾਮਲ ਨੇ। ਸਮਾਜਵਾਦੀ ਪਾਰਟੀ ਤੋਂ ਰਾਮ ਗੋਪਾਲ ਯਾਦਵ ਅਤੇ ਧਨਰਾਜ ਪਰਿਮਲ ਨਾਥਵਾਨੀ ਚੁਣੇ ਗਏ ਨੇ।

ਉੱਤਰ ਪ੍ਰਦੇਸ਼ ਤੋਂ ਰਾਜ ਸਭਾ ਦੇ 10 ਮੈਂਬਰਾਂ ਦਾ ਕਾਰਜਕਾਲ 25 ਨਵੰਬਰ ਨੂੰ ਖਤਮ ਹੋ ਰਿਹਾ ਏ, ਜਿਸ ਕਾਰਨ ਇਹ ਚੋਣਾਂ ਕਰਵਾਈਆਂ ਗਈਆਂ ਨੇ।

--------------------------------------------------

ਸੱਤਾਧਾਰੀ ਭਾਰਤੀ ਜਨਤਾ ਪਾਰਟੀ ਨੇ ਪੱਛਮੀ ਬੰਗਾਲ ਵਿਧਾਨ ਸਭਾ ਅਤੇ ਅਸਾਮ ਦੀ ਲੋਕ ਸਭਾ ਜ਼ਿਮਨੀ ਚੋਣ ਵਿੱਚ ਸ਼ਾਨਦਾਰ ਜਿੱਤ ਹਾਸਲ ਕੀਤੀ ਏ, ਜਦਕਿ ਸੱਤਾਧਾਰੀ 'ਤਮਿਲਗਾ ਵੇਤਰੀ ਕੜਗਮ' (T.V.K) ਨੇ ਤਾਮਿਲਨਾਡੂ ਵਿੱਚ ਵਿਧਾਨ ਸਭਾ ਦੀਆਂ ਦੋ ਸੀਟਾਂ ਲਈ ਹੋਈਆਂ ਜ਼ਿਮਨੀ ਚੋਣਾਂ ਵਿੱਚ ਜਿੱਤ ਦਰਜ ਕੀਤੀ। ਪੁਦੂਚੇਰੀ ਵਿੱਚ, ਸੱਤਾਧਾਰੀ 'ਆਲ ਇੰਡੀਆ ਐਨ.ਆਰ. ਕਾਂਗਰਸ' ਨੇ ਥੱਟਨਚਾਵਡੀ ਵਿਧਾਨ ਸਭਾ ਸੀਟ ਬਰਕਰਾਰ ਰੱਖੀ ਏ।

---

ਚੋਣ ਕਮਿਸ਼ਨ ਨੇ ਵੋਟਰ ਸੂਚੀ ਵਿੱਚ ਨਾਮ ਸ਼ਾਮਲ ਕਰਨ 'ਤੇ ਇਤਰਾਜ਼ ਜਤਾਉਣ ਜਾਂ ਨਾਮ ਹਟਾਉਣ ਲਈ ਭਰੇ ਜਾਣ ਵਾਲੇ 'ਫਾਰਮ-7' ਦੀਆਂ ਅਰਜ਼ੀਆਂ ਦੀ ਗਿਣਤੀ ਤੈਅ ਕਰ ਦਿੱਤੀ ਏ। ਹੁਣ, ਦਾਅਵੇ ਅਤੇ ਇਤਰਾਜ਼ ਦਾਖਲ ਕਰਨ ਦੀ ਮਿਆਦ ਦੌਰਾਨ, ਕੋਈ ਵੀ ਵੋਟਰ ਵੱਧ ਤੋਂ ਵੱਧ ਦਸ ਅਰਜ਼ੀਆਂ ਜਮ੍ਹਾਂ ਕਰਵਾ ਸਕਦਾ ਏ। ਇਸ ਦੇ ਨਾਲ ਹੀ, ਵੋਟਰ ਸੂਚੀ ਨੂੰ ਲਗਾਤਾਰ ਅੱਪਡੇਟ ਕਰਨ ਦੀ ਪ੍ਰਕਿਰਿਆ ਦੌਰਾਨ ਹਰ ਮਹੀਨੇ ਵੱਧ ਤੋਂ ਵੱਧ ਪੰਜ ਅਰਜ਼ੀਆਂ ਜਮ੍ਹਾਂ ਕਰਵਾਈਆਂ ਜਾ ਸਕਦੀਆਂ ਨੇ।

ਕਮਿਸ਼ਨ ਨੇ ਇਸ ਸਬੰਧ ਵਿੱਚ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਚੋਣ ਅਧਿਕਾਰੀਆਂ ਨੂੰ ਪੱਤਰ ਲਿਖਿਆ ਏ। ਆਨਲਾਈਨ ਅਤੇ ਆਫਲਾਈਨ ਦੋਵਾਂ ਤਰੀਕਿਆਂ ਰਾਹੀਂ ਫਾਰਮ ਭਰਨ 'ਤੇ ਸੀਮਾਵਾਂ ਲਗਾਉਣ ਦਾ ਫੈਸਲਾ ਇਸ ਲਈ ਲਿਆ ਗਿਆ ਏ ਤਾਂ ਜੋ ਵਿਅਕਤੀਗਤ ਵੋਟਰਾਂ ਵੱਲੋਂ ਵੱਡੀ ਗਿਣਤੀ ਵਿੱਚ, ਇਤਰਾਜ਼ ਦਾਖਲ ਕਰਨ ਦੇ ਰੁਝਾਨ ਨੂੰ ਰੋਕਿਆ ਜਾ ਸਕੇ।

ਕਮਿਸ਼ਨ ਨੇ ਕਿਹਾ ਕਿ 'ਵੋਟਰ ਰਜਿਸਟ੍ਰੇਸ਼ਨ ਨਿਯਮ, 1960 ਤਹਿਤ, ਕਿਸੇ ਚੋਣ-ਹਲਕੇ ਦੀ ਵੋਟਰ ਸੂਚੀ ਵਿੱਚ ਕਿਸੇ ਨਾਮ ਨੂੰ ਸ਼ਾਮਲ ਕਰਨ 3 ਦੀ ਤਜਵੀਜ਼ 'ਤੇ ਇਤਰਾਜ਼ ਜਾਂ ਨਾਮ ਹਟਾਉਣ ਲਈ ਅਰਜ਼ੀ, ਲਾਜ਼ਮੀ ਤੌਰ 'ਤੇ 'ਫਾਰਮ 7' ਵਿੱਚ ਹੀ ਦਾਖਲ ਕੀਤੀ ਜਾਣੀ ਚਾਹੀਦੀ ਏ।

---

ਭਾਰਤ ਨੇ ਪਾਕਿਸਤਾਨ ਨੂੰ ਚੇਤਾਵਨੀ ਦਿੱਤੀ ਹੈ ਕਿ ਉਹ ਪ੍ਰਮਾਣੂ ਧਮਕੀਆਂ ਤੋਂ ਡਰਨ ਵਾਲਾ ਨਹੀਂ ਏ ਅਤੇ ਕਿਸੇ ਵੀ ਦਹਿਸ਼ਤਗਰਦ ਹਮਲੇ ਦਾ ਮੂੰਹ-ਤੋੜਵਾਂ ਜਵਾਬ ਦਿੱਤਾ ਜਾਵੇਗਾ।

ਸੰਯੁਕਤ ਰਾਸ਼ਟਰ ਵਿੱਚ ਭਾਰਤ ਦੇ ਸਥਾਈ ਮਿਸ਼ਨ ਦੇ ਸੀਨੀਅਰ ਸਲਾਹਕਾਰ ਅਨਮੋਲ ਸ਼ੇਰ ਬੇਦੀ ਨੇ ਕੱਲ੍ਹ ਨਿਊਯਾਰਕ ਵਿੱਚ ਸੰਯੁਕਤ ਰਾਸ਼ਟਰ ਮਹਾਂਸਭਾ ਦੀ ਪਹਿਲੀ ਕਮੇਟੀ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਇਹ ਟਿੱਪਣੀਆਂ ਕੀਤੀਆਂ।

ਪਿਛਲੇ ਸਾਲ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਇੱਕ ਦਹਿਸ਼ਤਗਰਦ ਹਮਲੇ ਦੌਰਾਨ, 26 ਆਮ ਨਾਗਰਿਕਾਂ ਦੀ ਮੌਤ ਤੋਂ ਬਾਅਦ ਸ਼ੁਰੂ ਕੀਤੇ ਗਏ 'ਆਪਰੇਸ਼ਨ ਸਿੰਦੂਰ' ਦਾ ਜ਼ਿਕਰ ਕਰਦਿਆਂ, ਸ੍ਰੀ ਬੇਦੀ ਨੇ ਕਿਹਾ ਕਿ ਭਾਰਤ ਨੇ ਤਣਾਅ ਨੂੰ ਵਧਣ ਤੋਂ ਰੋਕਣ ਦੇ ਉਦੇਸ਼ ਨਾਲ, ਆਤਮ-ਰੱਖਿਆ ਵਿੱਚ ਇੱਕ ਸੋਚੀ-ਸਮਝੀ ਅਤੇ ਨਿਸ਼ਾਨਬੱਧ ਕਾਰਵਾਈ ਕੀਤੀ ਸੀ।

---

ਭਾਰਤ ਦੇ ਪ੍ਰਤੁਲ ਸੋਨੋਵਾਲ ਨੇ, ਆਸਟ੍ਰੇਲੀਆ ਵਿੱਚ ਵਿਸ਼ਵ Bowl ਚੈਂਪੀਅਨਸ਼ਿਪ ਵਿੱਚ ਭਾਰਤ ਲਈ ਪਹਿਲਾ ਤਮਗਾ ਪੱਕਾ ਕਰਕੇ ਕੇ ਇਤਿਹਾਸ ਰਚ ਦਿੱਤਾ ਏ। ਅਸਾਮ ਦੇ 43 ਸਾਲਾ ਪ੍ਰਤੁਲ ਨੇ ਪੁਰਸ਼ ਸਿੰਗਲਜ਼ ਦੇ ਸੈਮੀਫਾਈਨਲ ਵਿੱਚ ਪਹੁੰਚ ਕੇ ਇਹ ਉਪਲਬਧੀ ਹਾਸਿਲ

ਕੀਤੀ। ਪੁਤੁਲ ਨੇ ਕੁਆਰਟਰ-ਫਾਈਨਲ ਵਿੱਚ ਸਿੰਗਾਪੁਰ ਦੇ ਹੈਰੀਮਨ ਯੁਏਨ ਨੂੰ ਹਰਾ ਕੇ, ਆਖਰੀ ਚਾਰ ਵਿੱਚ ਆਪਣੀ ਜਗ੍ਹਾ ਬਣਾਈ।

---

ਰਾਂਚੀ ਵਿੱਚ ਕੱਲ੍ਹ ਦੂਜੇ 20-20 ਕ੍ਰਿਕਟ ਮੈਚ ਵਿੱਚ, ਵੈਸਟਇੰਡੀਜ਼ ਨੇ ਭਾਰਤ ਨੂੰ ਛੇ ਵਿਕਟਾਂ ਨਾਲ ਹਰਾ ਕੇ ਪੰਜ ਮੈਚਾਂ ਦੀ ਲੜੀ, 1-1 ਨਾਲ ਬਰਾਬਰ ਕਰ ਲਈ ਏ। ਭਾਰਤ ਵੱਲੋਂ ਦਿੱਤੇ ਗਏ 250 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ, ਵੈਸਟਇੰਡੀਜ਼ ਨੇ 19ਵੇਂ ਓਵਰ ਵਿੱਚ 4 ਵਿਕਟਾਂ 'ਤੇ 252 ਦੌੜਾਂ ਬਣਾਈਆਂ। ਕਪਤਾਨ ਸ਼ਾਈ ਹੋਪ ਨੇ 45 ਗੇਂਦਾਂ 'ਤੇ ਨਾਬਾਦ 102 ਦੌੜਾਂ ਬਣਾਈਆਂ।

ਇਸ ਤੋਂ ਪਹਿਲਾਂ, ਬੱਲੇਬਾਜ਼ੀ ਲਈ ਕਹੇ ਜਾਣ 'ਤੇ ਭਾਰਤ ਨੇ 20 ਓਵਰਾਂ ਵਿੱਚ 5 ਵਿਕਟਾਂ 'ਤੇ 249 ਦੌੜਾਂ ਬਣਾਈਆਂ। ਸੰਜੂ ਸੈਮਸਨ ਨੇ ਭਾਰਤ ਲਈ 41 ਗੇਂਦਾਂ 'ਤੇ 82 ਦੌੜਾਂ ਦਾ ਯੋਗਦਾਨ ਪਾਇਆ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਸ਼ੋਰ ਅਵਸਥਾਂ 'ਚ ਕੁੜੀਆਂ ਦੀ ਸਿਹਤ, ਪੋਸ਼ਣ ਅਤੇ ਸਰਬਪੱਖੀ ਵਿਕਾਸ 'ਤੇ ਵਧੇਰੇ ਧਿਆਨ ਦੇਣ ਦਾ ਸੱਦਾ ਦਿੱਤਾ ਏ।

- ਦਿੱਲੀ ਪੁਲਿਸ ਨੇ ਅੱਜ ਰਾਸ਼ਟਰੀ ਰਾਜਧਾਨੀ ਦੇ ਜੰਤਰ-ਮੰਤਰ ਵਿਖੇ ਤਜਵੀਜ਼ਸ਼ੁਦਾ ਵਿਰੋਧ ਪ੍ਰਦਰਸ਼ਨ ਲਈ ਇਜਾਜ਼ਤ ਦੇਣ ਤੋਂ ਇਨਕਾਰ ਕੀਤਾ। ਵਿਰੋਧ ਪ੍ਰਦਰਸ਼ਨ ਦੇ ਮੱਦੇਨਜ਼ਰ, ਸੁਰੱਖਿਆ ਪ੍ਰਬੰਧ ਸਖ਼ਤ ਕਰ ਦਿੱਤੇ ਗਏ ਨੇ।

- ਉੱਤਰ ਪ੍ਰਦੇਸ਼ ਵਿੱਚ ਰਾਜ ਸਭਾ ਚੋਣਾਂ ਲਈ ਸਾਰੇ 10 ਉਮੀਦਵਾਰ ਬਿਨਾਂ ਮੁਕਾਬਲਾ ਚੁਣੇ ਗਏ ਨੇ। ਇਨ੍ਹਾਂ ਵਿੱਚ ਭਾਰਤੀ ਜਨਤਾ ਪਾਰਟੀ ਦੇ 8 ਅਤੇ ਸਮਾਜਵਾਦੀ ਪਾਰਟੀ ਦੇ 2 ਉਮੀਦਵਾਰ ਸ਼ਾਮਲ ਨੇ।

- ਭਾਰਤ ਦੇ ਪ੍ਰਤੁਲ ਸੋਨੋਵਾਲ ਨੇ ਆਸਟ੍ਰੇਲੀਆ ਵਿੱਚ, ਵਿਸ਼ਵ Bowl ਚੈਂਪੀਅਨਸ਼ਿਪ ਦੇ ਸੈਮੀਫਾਈਨਲ ਵਿੱਚ ਪਹੁੰਚ ਕੇ , ਦੇਸ਼ ਲਈ ਪਹਿਲਾ ਤਮਗਾ ਪੱਕਾ ਕਰ ਲਿਆ ਏ।

- ਵੈਸਟਇੰਡੀਜ਼ ਨੇ ਦੂਜੇ 20-20 ਕ੍ਰਿਕੇਟ ਮੈਚ ਵਿੱਚ, ਭਾਰਤ ਨੂੰ 6 ਵਿਕਟਾਂ ਨਾਲ ਹਰਾ ਕੇ, ਪੰਜ ਮੈਚਾਂ ਦੀ ਲੜੀ, 1-1 ਨਾਲ ਬਰਾਬਰ ਕਰ ਲਈ ਏ।

---

**ਇਸ ਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਦੁਪਹਿਰ ਬਾਅਦ 1 ਵਜ ਕੇ 10 ਮਿੰਟ 'ਤੇ ਹੋਏਗਾ। ਨਮਸਕਾਰ!**